## ਆਕਾਸ਼ਵਾਣੀ ਜਲੰਧਰ

## ਰਾਸ਼ਟਰੀ ਖਬਰਾਂ ਪੰਜਾਬੀ

**01:40**

**ਮਿਤੀ :30-08-2026**

***ਪਹਿਲਾ ਬੁਲੇਟਿਨ ਦੀਆ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ-ਕਿਹਾ ਵਿਕਸਤ ਭਾਰਤ ਲਈ, ਨਸ਼ਾ ਮੁਕਤ ਨੌਜਵਾਨਾਂ ਦੀ ਮੁਹਿੰਮ, ਦੇਸ਼ ਭਰ ਵਿੱਚ ਤੇਜ਼ੀ ਨਾਲ ਅੱਗੇ ਵਧ ਰਹੀ ਏ।
- ਪ੍ਰਧਾਨ ਮੰਤਰੀ ਮੋਦੀ ਅੱਜ ਤਾਸ਼ਕੰਦ ਵਿੱਚ ਉਜ਼ਬੇਕਿਸਤਾਨ ਦੇ ਰਾਸ਼ਟਰਪਤੀ ਸ਼ਵਕਤ ਮਿਰਜ਼ੀਯੋ-ਯੇਵ ਨਾਲ ਦੁਵੱਲੀ ਗੱਲਬਾਤ ਕਰ ਰਹੇ ਨੇ।
- ਮੱਧ ਨੇਪਾਲ ਵਿੱਚ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ ਅੱਜ 734 ਹੋਈ -ਵਿਦੇਸ਼ ਮੰਤਰਾਲੇ ਨੇ ਦਸਿਆ-ਨੇਪਾਲ ਤੋਂ 108 ਭਾਰਤੀ ਨਾਗਰਿਕਾਂ ਨੂੰ ਸੁਰੱਖਿਅਤ ਬਚਾਇਆ ਗਿਆ ਏ-ਬਚਾਅ ਟੀਮ ਸਮੇਤ 11 ਟਨ ਰਾਹਤ ਸਮਗਰੀ ਦੀ ਚੌਥੀ ਖੇਪ ਭੇਜੀ ਗਈ।
- ਕੇਂਦਰੀ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਅੱਜ ਨਵੀਂ ਦਿੱਲੀ ਵਿੱਚ ਆਯੋਜਿਤ "ਫਿਟ ਇੰਡੀਆ ਸੰਡੇ ਆਨ ਸਾਈਕਲ ਵਿੱਚ ਹਿੱਸਾ ਲਿਆ। ਅਤੇ
- -ਮਹਿਲਾ ਟਵੇਂਟੀ-ਟਵੇਂਟੀ ਏਸ਼ੀਆ ਕੱਪ ਵਿਚ, ਭਾਰਤ ਦਾ ਮੁਕਬਲਾ ਰਾਤ ਸਾਢੇ 8 ਵਜੇ ਥਾਈਲੈਂਡ ਨਾਲ।

***ਹੁਣ ਖਬਰਾਂ ਵਿਸਥਾਰ ਨਾਲ***

-----------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਕਸਤ ਭਾਰਤ ਲਈ, ਨਸ਼ਾ ਮੁਕਤ ਨੌਜਵਾਨਾਂ ਦੀ ਮੁਹਿੰਮ ਦੇਸ਼ ਭਰ ਵਿੱਚ ਤੇਜ਼ੀ ਨਾਲ ਅੱਗੇ ਵਧ ਰਹੀ ਏ। ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਸ਼੍ਰੀ ਮੋਦੀ ਨੇ ਖੁਸ਼ੀ ਦਾ ਇਜ਼ਹਾਰ ਕੀਤਾ ਕਿ ਕਿ ਨਸ਼ਾ ਮੁਕਤ ਨੌਜਵਾਨ ਅਤੇ ਨਸ਼ਾ ਮੁਕਤ ਭਾਰਤ, ਸਿਰਫ਼ ਰਸਮੀ ਕਾਰਵਾਈਆਂ ਨਹੀਂ ਹਨ, ਕਿਉਂਕਿ ਬਹੁਤ ਸਾਰੇ ਲੋਕ, ਖਾਸ ਕਰਕੇ ਨੌਜਵਾਨ, ਵੱਡੀ ਗਿਣਤੀ ਵਿੱਚ ਇਸ ਵਿੱਚ ਹਿੱਸਾ ਲੈ ਰਹੇ ਨੇ। BYTE:RNU300826 ਪ੍ਰਧਾਨ ਮੰਤਰੀ ਨੇ ਕਿਹਾ ਕਿ ਨਸ਼ਾ ਮੁਕਤ ਨੌਜਵਾਨ ਨਾ ਸਿਰਫ਼ ਇੱਕ ਵਿਅਕਤੀ ਨੂੰ ਪ੍ਰਭਾਵਿਤ ਕਰਦਾ ਹੈ, ਸਗੋਂ ਪੂਰੇ ਪਰਿਵਾਰ ਅਤੇ ਸਮਾਜ ਨੂੰ ਵੀ ਪ੍ਰਭਾਵਿਤ ਕਰਦਾ ਏ। ਉਨ੍ਹਾਂ ਨੇ ਉਨ੍ਹਾਂ ਲੋਕਾਂ ਦੀ ਸ਼ਲਾਘਾ ਕੀਤੀ ਜੋ ਨਸ਼ੇ ਖਿਲਾਫ ਜਾਗਰੂਕਤਾ ਫੈਲਾਉਣ ਅਤੇ ਨਸ਼ੇ ਨਾਲ ਜੂਝ ਰਹੇ ਲੋਕਾਂ ਦੀ ਮਦਦ ਕਰਨ ਲਈ ਅੱਗੇ ਆਏ ਹਨ। ਸ਼੍ਰੀ ਮੋਦੀ ਨੇ ਲੋਕਾਂ ਨੂੰ ਨਸ਼ਾ ਮੁਕਤ ਭਾਰਤ ਲਈ ਪ੍ਰਭਾਵਸ਼ਾਲੀ ਨਾਅਰੇ ਬਣਾਉਣ ਅਤੇ

ਨੌਜਵਾਨ ਸੰਗੀਤਕਾਰਾਂ ਨੂੰ ਨਸ਼ਾ ਮੁਕਤ ਜੀਵਨ ਦਾ ਸੰਦੇਸ਼ ਦੇਣ ਵਾਲੇ ਗੀਤ ਲਿਖਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਸ਼ਾਨਦਾਰ ਸਮੱਗਰੀ ਸਿਰਜਣਹਾਰਾਂ ਦੀ ਕੋਈ ਕਮੀ ਨਹੀਂ ਏ। ਉਨ੍ਹਾਂ ਨੇ ਇਸ ਯਤਨ ਲਈ ਵੱਖ-ਵੱਖ ਭਾਸ਼ਾਵਾਂ ਵਿੱਚ ਸਮੱਗਰੀ ਬਣਾਉਣ ਦੀ ਅਪੀਲ ਕੀਤੀ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸਵਨਿਧੀ ਯੋਜਨਾ ਰਾਹੀਂ ਲੱਖਾਂ ਔਰਤਾਂ ਨਵੀਂ ਸ਼ਕਤੀ ਪ੍ਰਾਪਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਮਹਿਲਾ ਸਸ਼ਕਤੀਕਰਨ ਦੇ ਇਸ ਪਹਿਲੂ ਨੂੰ ਓਨਾ ਧਿਆਨ ਨਹੀਂ ਦਿੱਤਾ ਗਿਆ ਜਿੰਨਾ ਇਸ ਨੂੰ ਦਿੱਤਾ ਜਾਣਾ ਚਾਹੀਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਲਗਭਗ 46 ਫੀਸਦੀ ਔਰਤਾਂ ਪ੍ਰਧਾਨ ਮੰਤਰੀ ਸਵਨਿਧੀ ਯੋਜਨਾ ਦੀਆਂ ਲਾਭਪਾਤਰੀਆਂ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਫਾਈ ਵਿੱਚ ਬਹੁਤ ਸ਼ਕਤੀ ਹੁੰਦੀ ਏ। ਉਨ੍ਹਾਂ ਕਿਹਾ ਕਿ ਜਦੋਂ ਲੋਕ ਕਿਸੇ ਜਗ੍ਹਾ ਨੂੰ ਸਾਫ਼ ਰੱਖਣ ਦਾ ਸੰਕਲਪ ਲੈਂਦੇ ਹਨ, ਤਾਂ ਇਹ ਉਸ ਜਗ੍ਹਾ ਦੀ ਪਛਾਣ ਨੂੰ ਪੂਰੀ ਤਰ੍ਹਾਂ ਬਦਲ ਦਿੰਦੀ ਹੈ। ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਸਫਾਈ ਦੇ ਅਜਿਹੇ ਯਤਨ ਲੋਕਾਂ ਨੂੰ ਪ੍ਰੇਰਿਤ ਕਰਦੇ ਰਹਿੰਦੇ ਨੇ ।

ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਦੇਸ਼ ਦੀਆਂ ਧੀਆਂ ਦੇ ਸੁਪਨੇ ਧਰਤੀ ਤੋਂ ਪੁਲਾੜ ਤੱਕ ਉੱਡ ਰਹੇ ਨੇ। ਉਨ੍ਹਾਂ ਕਿਹਾ BYTE:RNU300826

ਪ੍ਰਧਾਨ ਮੰਤਰੀ ਨੇ ਕਿਹਾ ਕਿ ਅਗਸਤ ਦਾ ਮਹੀਨਾ ਆਪਣੇ ਨਾਲ ਦੇਸ਼ ਭਗਤੀ ਦੇ ਕਈ ਰੰਗ ਲੈ ਕੇ ਆਉਂਦਾ ਏ। ਉਨ੍ਹਾਂ ਕਿਹਾ ਕਿ ਰਾਸ਼ਟਰੀ ਹੱਥਖੱਡੀ ਦਿਵਸ ਅਤੇ ਭਾਰਤ ਛੱਡੋ ਅੰਦੋਲਨ ਦੀ ਵਰ੍ਹੇਗੰਢ ਤੋਂ ਲੈ ਕੇ ਵੰਡ ਦੇ ਭਿਆਨਕ ਯਾਦਗਾਰੀ ਦਿਵਸ ਤੱਕ, ਇਹ ਮਹੀਨਾ ਖਾਸ ਬਣ ਗਿਆ ਏ। ਸ਼੍ਰੀ ਮੋਦੀ ਨੇ ਕਿਹਾ ਕਿ ਆਜ਼ਾਦੀ ਦਿਵਸ ਅਤੇ ਰਾਸ਼ਟਰੀ ਪੁਲਾੜ ਦਿਵਸ ਨੇ ਹਰ ਨਾਗਰਿਕ ਨੂੰ ਮਾਣ ਦਾ ਪਲ ਦਿੱਤਾ ਏ। ਉਨ੍ਹਾਂ ਕਿਹਾ ਕਿ ਹਰ ਘਰ ਮੁਹਿੰਮ ਵਿੱਚ ਤਿਰੰਗਾ ਨੇ ਦੇਸ਼ ਭਗਤੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ ਨੇ ਇਸ ਸਾਲ ਨੂੰ ਹੋਰ ਵੀ ਖਾਸ ਬਣਾ ਦਿੱਤਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਮੇਲੇ ਅਤੇ ਤਿਉਹਾਰ ਨਾ ਸਿਰਫ਼ ਰਿਵਾਇਤਾਂ ਨੂੰ ਜਿਉਂਦੇ ਰੱਖਦੇ ਹਨ ਬਲਕਿ ਇੱਕ ਦੂਜੇ ਨਾਲ ਜੁੜਨ ਦਾ ਮੌਕਾ ਵੀ ਪ੍ਰਦਾਨ ਕਰਦੇ ਨੇ। ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਭਾਰਤ ਵਿੱਚ ਜਨਮ ਅਸ਼ਟਮੀ ਅਤੇ ਵਿਸ਼ਵਕਰਮਾ ਪੂਜਾ ਮਨਾਈ ਜਾਵੇਗੀ। ਕੁਝ ਮਹੀਨਿਆਂ ਵਿੱਚ ਦੀਵਾਲੀ ਵੀ ਮਨਾਈ ਜਾਵੇਗੀ, ਅਤੇ ਇਸ ਦੀਆਂ ਤਿਆਰੀਆਂ ਪਹਿਲਾਂ ਹੀ ਸ਼ੁਰੂ ਹੋ ਚੁੱਕੀਆਂ ਹਨ। ਉਨ੍ਹਾਂ ਨੇ ਲੋਕਾਂ ਨੂੰ ਇਸ ਤਿਉਹਾਰੀ ਸੀਜ਼ਨ ਦੌਰਾਨ 'ਵੋਕਲ ਫਾਰ ਲੋਕਲ ਬਣਨ' ਦੀ ਅਪੀਲ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਵੋਕਲ ਫਾਰ ਲੋਕਲ ਦਾ ਮਤਲਬ ਸਿਰਫ਼ ਮਿੱਟੀ ਦੇ ਦੀਵੇ ਖਰੀਦਣਾ ਨਹੀਂ ਏ। ਉਨ੍ਹਾਂ ਕਿਹਾ ਕਿ ਭਾਰਤ ਦਾ ਆਤਮ ਨਿਰਭਰਤਾ ਦਾ ਰਸਤਾ ਭਾਰਤ ਵਿੱਚ ਬਣੇ ਉਤਪਾਦਾਂ 'ਤੇ ਮਾਣ ਕਰਨ ਨਾਲ ਹੀ ਪੱਧਰਾ ਹੋਵੇਗਾ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਤਾਸ਼ਕੰਦ ਵਿੱਚ ਉਜ਼ਬੇਕਿਸਤਾਨ ਦੇ ਰਾਸ਼ਟਰਪਤੀ ਸ਼ਵਕਤ ਮਿਰਜ਼ੀਯੋ-ਯੇਵ ਨਾਲ ਦੁਵੱਲੀ ਗੱਲਬਾਤ ਕਰ ਰਹੇ ਨੇ। ਦੋਵੇਂ ਨੇਤਾ ਰਾਸ਼ਟਰਪਤੀ ਭਵਨ ਵਿਖੇ ਵਪਾਰ ਅਤੇ ਨਿਵੇਸ਼, ਰੱਖਿਆ, ਡਿਜੀਟਲ ਕਨੈਕਟੀਵਿਟੀ, ਊਰਜਾ, ਸਿੱਖਿਆ ਅਤੇ ਲੋਕਾਂ ਤੋਂ ਲੋਕਾਂ ਦੇ ਸਬੰਧਾਂ ਦੇ ਖੇਤਰਾਂ ਵਿੱਚ ਸਹਿਯੋਗ ਦੀ ਸਮੀਖਿਆ ਕਰ ਰਹੇ ਹਨ। ਅੱਜ ਸਮਝੌਤਿਆਂ 'ਤੇ ਦਸਤਖਤ ਹੋਣ ਦੀ ਉਮੀਦ ਏ ।

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਪਹਿਲਾਂ ਉਜ਼ਬੇਕਿਸਤਾਨ ਯੋਗਾ ਫੈਡਰੇਸ਼ਨ ਵਲੋਂ ਆਯੋਜਿਤ ਯੋਗਾ ਪ੍ਰੋਗਰਾਮ ਵਿੱਚ ਹਿੱਸਾ ਲਿਆ , ਊਨਾ ਕਿਹਾ ....BYTE

ਇਸਤੋਂ ਬਾਅਦ ਵਿੱਚ ਉਜ਼ਬੇਕਿਸਤਾਨ ਦੇ ਰਾਸ਼ਟਰਪਤੀ ਸ਼ਵਕਤ ਮਿਰਜ਼ੀਯੋ-ਯੇਵ ਦੇ ਨਿਵਾਸ ਸਥਾਨ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ ਗਿਆ। ਦੋਵੇਂ ਨੇਤਾ ਇਸ ਸਮੇਂ ਦੁਵੱਲੀ ਗੱਲਬਾਤ ਕਰ ਰਹੇ ਨੇ ।

--------------------------------------------------------------------ਮੱਧ ਨੇਪਾਲ ਵਿੱਚ ਆਏ ਭਿਆਨਕ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ ਅੱਜ 734 ਹੋ ਗਈ ਏ। ਮ੍ਰਿਤਕ ਦੇਹਾਂ ਨੂੰ ਲਭਣ ਦਾ ਸਿਲਸਿਲਾ ਜਾਰੀ ਏ । ਆਫ਼ਤ ਤੋਂ ਬਾਅਦ ਲਗਭਗ 2,500 ਲੋਕ ਅਜੇ ਵੀ ਲਾਪਤਾ ਨੇ। ਬਚਾਅ ਕਰਮਚਾਰੀ ਆਫ਼ਤ ਦੇ ਪੰਜਵੇਂ ਦਿਨ ਲਾਪਤਾ ਲੋਕਾਂ ਦੀ ਭਾਲ ਅਤੇ ਫਸੇ ਲੋਕਾਂ ਨੂੰ ਬਚਾਉਣ ਲਈ ਜ਼ੋਰਦਾਰ ਕੰਮ ਕਰ ਰਹੇ ਨੇ ਅਤੇ ਸਾਰੇ ਅੱਠ ਪ੍ਰਭਾਵਿਤ ਜ਼ਿਲ੍ਹਿਆਂ ਤੋਂ ਮ੍ਰਿਤਕ ਦੇਹਾਂ ਬਰਾਮਦ ਕੀਤੀਆਂ ਗਈਆਂ ਹਨ।

ਅਧਿਕਾਰੀਆਂ ਨੇ ਦੱਸਿਆ ਕਿ 85 ਸੁਰੱਖਿਆ ਕਰਮਚਾਰੀਆਂ ਅਤੇ 320 ਵਿਦੇਸ਼ੀ ਸਮੇਤ 2,498 ਲੋਕ ਲਾਪਤਾ ਹਨ। ਬਚਾਅ ਟੀਮਾਂ ਨੇ ਹੁਣ ਤੱਕ ਪ੍ਰਭਾਵਿਤ ਜ਼ਿਲ੍ਹਿਆਂ ਤੋਂ 8 ਹਜ਼ਾਰ 186 ਲੋਕਾਂ ਨੂੰ ਬਚਾਇਆ ਏ , ਜਿਨ੍ਹਾਂ ਵਿੱਚ 227 ਵਿਦੇਸ਼ੀ ਨਾਗਰਿਕ ਵੀ ਸ਼ਾਮਲ ਹਨ। ਨੇਪਾਲ ਸਰਕਾਰ ਨੇ ਭੋਟੇ ਕੋਸ਼ੀ ਨਦੀ ਲਈ ਇੱਕ ਨਵਾਂ ਹੜ੍ਹ ਅਲਰਟ ਜਾਰੀ ਕੀਤਾ ਏ ਅਤੇ ਨਦੀ ਦੇ ਕੰਢਿਆਂ 'ਤੇ ਰਹਿਣ ਵਾਲੇ ਵਸਨੀਕਾਂ ਨੂੰ ਚੌਕਸ ਰਹਿਣ ਦੀ ਅਪੀਲ ਕੀਤੀ ਏ। NDRMA ਨੇ ਨਦੀ ਦੇ ਹੜ੍ਹ ਦੇ ਵਹਾਅ ਵਿੱਚ ਵਾਧੇ ਦੀ ਰਿਪੋਰਟ ਦਿੱਤੀ ਏ। ਰਸੁਆ ਜ਼ਿਲ੍ਹਾ ਪ੍ਰਸ਼ਾਸਨ ਨੇ ਰਸੁਆ, ਨੁਵਾਕੋਟ ਅਤੇ ਧਾਡਿੰਗ ਜ਼ਿਲ੍ਹਿਆਂ ਵਿੱਚ ਭੋਟੇ ਕੋਸ਼ੀ ਨਦੀ ਦੇ ਨਾਲ ਲੱਗਦੇ ਇਲਾਕਿਆਂ ਵਿੱਚ ਰਹਿਣ ਵਾਲੇ ਲੋਕਾਂ ਨੂੰ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਹੈ। ਏਧਰ ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ ਨੇਪਾਲ ਵਿੱਚ ਅਚਾਨਕ ਹੜ੍ਹ ਦੀ ਆਫ਼ਤ ਤੋਂ ਬਾਅਦ ਹੁਣ ਤੱਕ 108 ਭਾਰਤੀ ਨਾਗਰਿਕਾਂ ਨੂੰ ਬਚਾਇਆ ਗਿਆ ਏ। ਸ਼੍ਰੀ ਜੈਸਵਾਲ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਲਗਭਗ 50 ਭਾਰਤੀ ਨਾਗਰਿਕਾਂ ਨਾਲ ਸੰਪਰਕ ਮੁੜ ਸਥਾਪਿਤ ਕੀਤਾ

ਗਿਆ ਏ ਜੋ ਪਹਿਲਾਂ ਪਹੁੰਚ ਤੋਂ ਬਾਹਰ ਸਨ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ 275 ਭਾਰਤੀ ਨਾਗਰਿਕ ਲਾਪਤਾ ਨੇ ਅਤੇ ਦੂਜੇ ਦੇਸ਼ਾਂ ਦੀ ਨਾਗਰਿਕਤਾ ਵਾਲੇ ਭਾਰਤੀ ਮੂਲ ਦੇ ਲਗਭਗ 128 ਲੋਕ ਵੀ ਲਾਪਤਾ ਹਨ। ਸਥਾਨਕ ਸਰਕਾਰੀ ਸੂਤਰਾਂ ਦੇ ਅਨੁਸਾਰ, ਪਿਛਲੇ ਦੋ ਦਿਨਾਂ ਵਿੱਚ 598 ਭਾਰਤੀ ਨਾਗਰਿਕ ਚੀਨ ਤੋਂ ਨੇਪਾਲ ਵਿੱਚ ਦਾਖਲ ਹੋਏ ਹਨ। ਇਸ ਦੌਰਾਨ, 900 ਭਾਰਤੀ ਨਾਗਰਿਕ ਜੋ ਅਜੇ ਤੱਕ ਚੀਨ ਤੋਂ ਰਵਾਨਾ ਨਹੀਂ ਹੋਏ ਸੁਰੱਖਿਅਤ ਹਨ ਅਤੇ ਬੀਜਿੰਗ ਵਿੱਚ ਭਾਰਤੀ ਦੂਤਾਘਰ ਸਿੱਧੇ ਜਾਂ ਸਥਾਨਕ ਸਰਕਾਰ ਰਾਹੀਂ ਉਨ੍ਹਾਂ ਦੇ ਸੰਪਰਕ ਵਿੱਚ ਏ। ਮੰਤਰਾਲੇ ਨੇ ਕਿਹਾ ਕਿ ਭਾਰਤ ਸਰਕਾਰ ਹੜ੍ਹ ਪ੍ਰਭਾਵਿਤ ਨੇਪਾਲ ਵਿੱਚ ਰਾਹਤ ਅਤੇ ਬਚਾਅ ਕਾਰਜਾਂ ਨੂੰ ਤੁਰੰਤ ਯਕੀਨੀ ਬਣਾਉਣ ਲਈ ਨੇਪਾਲੀ ਅਤੇ ਚੀਨੀ ਅਧਿਕਾਰੀਆਂ ਨਾਲ ਮਿਲ ਕੇ ਕੰਮ ਕਰ ਰਹੀ ਏ। ਭਾਰਤ ਹੜ੍ਹ ਪ੍ਰਭਾਵਿਤ ਨੇਪਾਲ ਵਿੱਚ ਰਾਹਤ ਅਤੇ ਬਚਾਅ ਕਾਰਜਾਂ ਦਾ ਲਗਾਤਾਰ ਸਮਰਥਨ ਕਰ ਰਿਹਾ ਹੈ। 11 ਟਨ ਰਾਹਤ ਸਮੱਗਰੀ ਲੈ ਕੇ ਚੌਥੀ ਉਡਾਣ ਕਾਠਮੰਡੂ ਪਹੁੰਚ ਗਈ ਏ ਅਤੇ ਇਸਨੂੰ ਨੇਪਾਲੀ ਸਰਕਾਰ ਨੂੰ ਸੌਂਪ ਦਿੱਤਾ ਗਿਆ ਏ। ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਉਡਾਣ ਨੇਪਾਲ ਵਿੱਚ ਚੱਲ ਰਹੇ ਬਚਾਅ ਅਤੇ ਰਾਹਤ ਕਾਰਜਾਂ ਦਾ ਸਮਰਥਨ ਕਰਨ ਲਈ ਜ਼ਰੂਰੀ ਸਮੱਗਰੀ ਅਤੇ ਤਕਨੀਕੀ ਸਹਾਇਤਾ ਲਿਆਂਦੀ ਏ। ਇਸ ਤੋਂ ਪਹਿਲਾਂ, ਭਾਰਤ ਨੇ ਤਿੰਨ ਉਡਾਨਾਂ ਵਿੱਚ 57 ਟਨ ਤੋਂ ਵੱਧ ਐਮਰਜੈਂਸੀ ਰਾਹਤ ਸਮੱਗਰੀ ਭੇਜੀ ਸੀ।

--------------------------------------------------------------------ਚੀਨ ਵਿੱਚ ਭਾਰਤੀ ਦੂਤਾਘਰ ਨੇ ਸੂਚਿਤ ਕੀਤਾ ਏ ਕਿ ਤਿੱਬਤ ਖੁਦਮੁਖਤਿਆਰ ਖੇਤਰ ਦੇ ਅਧਿਕਾਰੀਆਂ ਨੇ ਨੇਪਾਲ ਵਿੱਚ ਹਾਲ ਹੀ ਵਿੱਚ ਆਏ ਹੜ੍ਹਾਂ ਵਿੱਚ ਲਾਪਤਾ ਵਿਦੇਸ਼ੀ ਨਾਗਰਿਕਾਂ ਦੀ ਰਿਪੋਰਟ ਕਰਨ ਲਈ 24 ਘੰਟੇ ਦੀ ਅੰਗਰੇਜ਼ੀ ਭਾਸ਼ਾ ਦੀ ਹੌਟਲਾਈਨ ਸ਼ੁਰੂ ਕੀਤੀ ਏ। ਇਹ ਲਾਪਤਾ ਲੋਕਾਂ ਦੇ ਪਰਿਵਾਰਾਂ ਨੂੰ ਜਾਣਕਾਰੀ ਪ੍ਰਦਾਨ ਕਰੇਗਾ। ਦੂਤਾਘਰ ਨੇ ਕਿਹਾ ਕਿ ਹੋਟਲ ਦੇ ਫ਼ੋਨ ਨੰਬਰ 0086-891-681-71-65 ਅਤੇ 0086-183-0802-6705 ਨੇ।

--------------------------------------------------------------------ਰਾਸ਼ਟਰਪਤੀ ਦ੍ਰੋਪਦੀ ਮੁਰਮੂ ਕੱਲ੍ਹ ਨਵੀਂ ਦਿੱਲੀ ਵਿੱਚ ਨੈਸ਼ਨਲ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ-ਨਿਫਟ ਸੰਯੁਕਤ ਕਨਵੋਕੇਸ਼ਨ 2026 ਵਿੱਚ ਸ਼ਾਮਲ ਹੋਣਗੇ। ਦੇਸ਼ ਭਰ ਦੇ ਨਿਫਟ ਦੇ 18 ਕੈਂਪਸਾਂ ਤੋਂ ਗ੍ਰੈਜੂਏਟ ਵਿਦਿਆਰਥੀ ਆਪਣੀਆਂ ਡਿਗਰੀਆਂ ਪ੍ਰਾਪਤ ਕਰਨ ਅਤੇ ਆਪਣੀ ਅਕਾਦਮਿਕ ਯਾਤਰਾ ਦੀ ਸਮਾਪਤੀ ਲਈ ਇਕੱਠੇ ਹੋਣਗੇ। ਕੇਂਦਰੀ ਕਪੜਾ ਮੰਤਰੀ ਗਿਰੀਰਾਜ ਸਿੰਘ ਵੀ ਇਸ ਮੌਕੇ 'ਤੇ ਮੌਜੂਦ ਰਹਿਣਗੇ।

1986 ਵਿੱਚ ਸਥਾਪਿਤ, ਨਿਫਟ ਕਪੜਾ ਮੰਤਰਾਲੇ ਦੇ ਅਧੀਨ ਇੱਕ ਕਾਨੂੰਨੀ ਸੰਸਥਾ ਏ। ਸਾਲਾਂ ਦੌਰਾਨ, ਇਹ ਫੈਸ਼ਨ ਸਿੱਖਿਆ ਲਈ ਇੱਕ ਮੋਹਰੀ ਸੰਸਥਾ ਵਜੋਂ ਉਭਰਿਆ ਏ , ਜੋ ਰਵਾਇਤੀ ਕਲਾਵਾਂ ਅਤੇ ਸ਼ਿਲਪਕਾਰੀ, ਅਕਾਦਮਿਕ ਗਿਆਨ, ਡਿਜ਼ਾਈਨ ਨਵੀਨਤਾ, ਤਕਨਾਲੋਜੀ, ਰਚਨਾਤਮਕ ਸੋਚ ਅਤੇ ਉਦਯੋਗ ਦੀ ਸ਼ਮੂਲੀਅਤ ਨੂੰ ਇਕੱਠਾ ਕਰਦਾ ਏ।

------------------------------------------------------------------------ਲੋਕ ਸਭਾ ਸਪੀਕਰ ਓਮ ਬਿਰਲਾ ਨੇ ਅੱਜ ਸਾਬਕਾ ਲੋਕ ਸਭਾ ਸਪੀਕਰ ਸਰਦਾਰ ਹੁਕਮ ਸਿੰਘ ਨੂੰ ਉਨ੍ਹਾਂ ਦੀ ਜੈਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਬਿਰਲਾ ਨੇ ਕਿਹਾ ਕਿ ਸਰਦਾਰ ਹੁਕਮ ਸਿੰਘ ਇੱਕ ਤਜਰਬੇਕਾਰ ਸਿਆਸਤਦਾਨ, ਇੱਕ ਕਾਨੂੰਨੀ ਮਾਹਰ ਅਤੇ ਇੱਕ ਸ਼ਾਨਦਾਰ ਬੁਲਾਰੇ ਸਨ। ਉਨ੍ਹਾਂ ਕਿਹਾ ਕਿ ਪ੍ਰਧਾਨਗੀ ਅਧਿਕਾਰੀ ਦੇ ਤੌਰ 'ਤੇ, ਸਰਦਾਰ ਹੁਕਮ ਸਿੰਘ ਨੇ ਸਦਨ ਦੇ ਕੰਮਕਾਜ ਵਿੱਚ ਬਹੁਤ ਸਾਰੀਆਂ ਚੰਗੀਆਂ ਰਿਵਾਇਤਾਂ ਸਥਾਪਤ ਕੀਤੀਆਂ ਅਤੇ ਸੰਸਦੀ ਲੋਕਤੰਤਰ ਦੇ ਪ੍ਰਭਾਵਸ਼ਾਲੀ ਕੰਮਕਾਜ ਲਈ ਸਦਨ ਵਿੱਚ ਅਨੁਸ਼ਾਸਨ ਅਤੇ ਸਜਾਵਟ ਬਣਾਈ ਰੱਖਣ ਨੂੰ ਵਿਸ਼ੇਸ਼ ਮਹੱਤਵ ਦਿੱਤਾ।

------------------------------------------------------------------------ਯੂਵਾ ਮਾਮਲਿਆਂ ਅਤੇ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਅੱਜ ਨਵੀਂ ਦਿੱਲੀ ਵਿੱਚ ਆਯੋਜਿਤ "ਫਿਟ ਇੰਡੀਆ ਸੰਡੇ ਆਨ ਸਾਈਕਲ " ਦੇ 88ਵੇਂ ਐਡੀਸ਼ਨ ਵਿੱਚ ਹਿੱਸਾ ਲਿਆ। ਜਵਾਹਰ ਲਾਲ ਨਹਿਰੂ ਸਟੇਡੀਅਮ ਵਿੱਚ ਆਯੋਜਿਤ ਇਹ ਪ੍ਰੋਗਰਾਮ ਬ੍ਰਿਕਸ ਦੇ ਸਹਿਯੋਗ ਨਾਲ ਰਾਸ਼ਟਰੀ ਖੇਡ ਦਿਵਸ ਦੀ ਇੱਕ ਵਿਸ਼ੇਸ਼ ਲੜੀ ਸੀ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਡਾ. ਮਾਂਡਵੀਆ ਨੇ ਕਿਹਾ ਕਿ ਸਾਈਕਲਿੰਗ ਨਾਗਰਿਕਾਂ ਵਿੱਚ ਪ੍ਰਸਿੱਧ ਹੋ ਗਈ ਏ। ਸਾਈਕਲਿੰਗ ਦੀ ਮਹੱਤਤਾ ਨੂੰ ਉਜਾਗਰ ਕਰਦੇ ਹੋਏ, ਡਾ. ਮਾਂਡਵੀਆ ਨੇ ਕਿਹਾ ਕਿ ਇਹ ਕਸਰਤ ਦਾ ਇੱਕ ਸ਼ਾਨਦਾਰ ਰੂਪ ਏ ਜੋ ਪ੍ਰਦੂਸ਼ਣ ਮੁਕਤ ਵਾਤਾਵਰਣ ਲਈ ਬਹੁਤ ਮਹੱਤਵਪੂਰਨ ਏ ਅਤੇ ਟ੍ਰੈਫਿਕ ਭੀੜ ਦੀ ਸਮੱਸਿਆ ਦਾ ਇੱਕ ਪ੍ਰਭਾਵਸ਼ਾਲੀ ਹੱਲ ਏ। ਡਾ. ਮਾਂਡਵੀਆ ਨੇ ਨੌਜਵਾਨਾਂ ਨੂੰ ਸਿਹਤਮੰਦ ਅਤੇ ਤੰਦਰੁਸਤ ਰਹਿਣ ਲਈ ਖੇਡਾਂ ਅਤੇ ਸਰੀਰਕ ਗਤੀਵਿਧੀਆਂ ਲਈ ਰੋਜ਼ਾਨਾ ਘੱਟੋ-ਘੱਟ ਇੱਕ ਘੰਟਾ ਸਮਰਪਿਤ ਕਰਨ ਦੀ ਅਪੀਲ ਕੀਤੀ। ਇਸ ਦੌਰਾਨ, ਭਾਰਤੀ ਕ੍ਰਿਕਟ ਟੀਮ ਦੇ ਮੁੱਖ ਕੋਚ ਗੌਤਮ ਗੰਭੀਰ ਨੇ ਕਿਹਾ ਕਿ "ਫਿਟ ਇੰਡੀਆ" ਪਹਿਲ ਦੇਸ਼ ਨੂੰ ਇੱਕ ਸਿਹਤਮੰਦ, ਮਜ਼ਬੂਤ ਅਤੇ ਆਤਮ -ਨਿਰਭਰ ਰਾਸ਼ਟਰ ਬਣਨ ਵੱਲ ਲੈ ਜਾਵੇਗੀ। ਉਨ੍ਹਾਂ ਨੇ ਨੌਜਵਾਨਾਂ ਨੂੰ ਇਸ ਲਹਿਰ ਵਿੱਚ ਹਿੱਸਾ ਲੈਣ ਦਾ ਸੱਦਾ ਵੀ ਦਿੱਤਾ।

------------------------------------------------------------------------ਮੌਸਮ ਵਿਭਾਗ ਨੇ ਅੱਜ ਓਡੀਸ਼ਾ ਵਿੱਚ ਭਾਰੀ ਬਾਰਿਸ਼ ਲਈ ਰੈੱਡ ਅਲਰਟ ਜਾਰੀ ਕੀਤਾ ਏ। ਅਰੁਣਾਚਲ ਪ੍ਰਦੇਸ਼, ਅਸਮ, ਮੇਘਾਲਿਆ, ਛੱਤੀਸਗੜ੍ਹ ਅਤੇ ਗੰਗਾ ਪੱਛਮੀ ਬੰਗਾਲ ਵਿੱਚ ਵੀ ਭਾਰੀ ਬਾਰਿਸ਼ ਹੋਣ ਦੀ ਸੰਭਾਵਨਾ

ਜਤਾਈ ਗਈ ਏ । ਬਿਹਾਰ, ਉੱਤਰਾਖੰਡ, ਮੱਧ ਪ੍ਰਦੇਸ਼, ਪੂਰਬੀ ਉੱਤਰ ਪ੍ਰਦੇਸ਼, ਝਾਰਖੰਡ ਅਤੇ ਕੁਝ ਉੱਤਰ-ਪੂਰਬੀ ਰਾਜਾਂ ਵਿੱਚ ਵੀ ਇਸੇ ਤਰ੍ਹਾਂ ਦੇ ਹਾਲਾਤਾਂ ਦੀ ਪੇਸ਼ੀਨਗੋਈ ਕੀਤੀ ਗਈ ਏ । ਜੰਮੂ ਕਸ਼ਮੀਰ, ਲੱਦਾਖ, ਤਾਮਿਲਨਾਡੂ ਅਤੇ ਅੰਡੇਮਾਨ ਅਤੇ ਨਿਕੋਬਾਰ ਟਾਪੂਆਂ ਵਿੱਚ ਵੀ ਗਰਜ ਅਤੇ ਤੇਜ਼ ਹਵਾਵਾਂ ਚੱਲਣ ਦੀ ਸੰਭਾਵਨਾ ਏ ।

Cricket - ਮਹਿਲਾ ਟੀ-20 ਏਸ਼ੀਆ ਕੱਪ
ਭਾਰਤ ਅੱਜ ਥਾਈਲੈਂਡ ਖਿਲਾਫ ਆਪਣੀ ਮਹਿਲਾ ਟਵੇਂਟੀ-ਟਵੇਂਟੀ ਏਸ਼ੀਆ ਕੱਪ ਮੁਹਿੰਮ ਦੀ ਸ਼ੁਰੂਆਤ ਕਰੇਗਾ।
ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ ਸਾਢੇ 8 ਵਜੇ ਸ਼ੁਰੂ ਹੋਵੇਗਾ। ਹਰਮਨਪ੍ਰੀਤ ਕੌਰ ਭਾਰਤ ਦੀ ਕਪਤਾਨੀ ਕਰੇਗੀ, ਜਦੋਂ ਕਿ ਸਮ੍ਰਿਤੀ ਮੰਧਾਨਾ ਉਪ-ਕਪਤਾਨ ਹੋਵੇਗੀ। ਭਾਰਤ ਟੂਰਨਾਮੈਂਟ ਦੇ ਇਤਿਹਾਸ ਦੀ ਸਭ ਤੋਂ ਸਫਲ ਟੀਮ ਏ ਜਿਸਨੇ ਆਪਣੇ ਪੰਜ ਮੈਚਾਂ ਵਿੱਚੋਂ ਤਿੰਨ ਜਿੱਤੇ ਹਨ। ਥਾਈਲੈਂਡ ਨੇ ਸ਼ੁੱਕਰਵਾਰ ਨੂੰ ਹਾਂਗਕਾਂਗ ਅਤੇ ਚੀਨ 'ਤੇ ਜਿੱਤਾਂ ਨਾਲ ਟੂਰਨਾਮੈਂਟ ਦੀ ਸ਼ੁਰੂਆਤ ਕੀਤੀ। ਭਾਰਤ ਥਾਈਲੈਂਡ, ਹਾਂਗਕਾਂਗ ਅਤੇ ਪਾਕਿਸਤਾਨ ਦੇ ਨਾਲ ਅੱਠ ਟੀਮਾਂ ਦੇ ਟੂਰਨਾਮੈਂਟ ਦੇ ਗਰੁੱਪ-A ਏ ਵਿੱਚ ਏ ।
------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਆਪਣੇ ਵਿਚਾਰ ਸਾਂਝੇ ਕੀਤੇ-ਕਿਹਾ ਵਿਕਸਤ ਭਾਰਤ ਲਈ, ਨਸ਼ਾ ਮੁਕਤ ਨੌਜਵਾਨਾਂ ਦੀ ਮੁਹਿੰਮ, ਦੇਸ਼ ਭਰ ਵਿੱਚ ਤੇਜ਼ੀ ਨਾਲ ਅੱਗੇ ਵਧ ਰਹੀ ਏ ।
- ਪ੍ਰਧਾਨ ਮੰਤਰੀ ਮੋਦੀ ਅੱਜ ਤਾਸ਼ਕੰਦ ਵਿੱਚ ਉਜ਼ਬੇਕਿਸਤਾਨ ਦੇ ਰਾਸ਼ਟਰਪਤੀ ਸ਼ਵਕਤ ਮਿਰਜ਼ੀਯੋ-ਯੇਵ ਨਾਲ ਦੁਵੱਲੀ ਗੱਲਬਾਤ ਕਰ ਰਹੇ ਨੇ ।
  - ਮੱਧ ਨੇਪਾਲ ਵਿੱਚ ਹੜ੍ਹਾਂ ਕਾਰਨ ਮਰਨ ਵਾਲਿਆਂ ਦੀ ਗਿਣਤੀ ਅੱਜ 734 ਹੋਈ -ਵਿਦੇਸ਼ ਮੰਤਰਾਲੇ ਨੇ ਦਸਿਆ-ਨੇਪਾਲ ਤੋਂ 108 ਭਾਰਤੀ ਨਾਗਰਿਕਾਂ ਨੂੰ ਸੁਰੱਖਿਅਤ ਬਚਾਇਆ ਗਿਆ ਏ-ਬਚਾਅ ਟੀਮ ਸਮੇਤ 11 ਟਨ ਰਾਹਤ ਸਮਗਰੀ ਦੀ ਚੌਥੀ ਖੇਪ ਭੇਜੀ ਗਈ ।
  - ਕੇਂਦਰੀ ਖੇਡ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਅੱਜ ਨਵੀਂ ਦਿੱਲੀ ਵਿੱਚ ਆਯੋਜਿਤ "ਫਿਟ ਇੰਡੀਆ ਸੰਡੇ ਆਨ ਸਾਈਕਲ ਵਿੱਚ ਹਿੱਸਾ ਲਿਆ। ਅਤੇ
  - -ਮਹਿਲਾ ਟਵੇਂਟੀ-ਟਵੇਂਟੀ ਏਸ਼ੀਆ ਕੱਪ ਵਿਚ, ਭਾਰਤ ਦਾ ਮੁਕਬਲਾ ਰਾਤ ਸਾਢੇ 8 ਵਜੇ ਥਾਈਲੈਂਡ ਨਾਲ ।

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁ
ਣੋਗ 6.20 ਨਮਸਕਾਰ